# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 02-09-2024**

ਭਾਰਤੀ ਜਨਤਾ ਪਾਰਟੀ ਅੱਜ ਤੋਂ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰ ਰਹੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਬੀ.ਜੇ.ਪੀ ਦੇ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਤੋਂ ਮੈਂਬਰਸ਼ਿਪ ਦਾ ਨਵਾਂ ਸਰਟੀਫਿਕੇਟ ਲੈ ਕੇ ਮੁਹਿੰਮ ਦੀ ਸ਼ੁਰੂਆਤ ਕਰਨਗੇ । ਬੀ.ਜੇ.ਪੀ ਦੇ ਸਾਰੇ ਮੌਜੂਦਾ ਮੈਂਬਰਾਂ ਨੂੰ ਆਪਣੀ ਮੈਂਬਰਸ਼ਿਪ ਨਵਿਆਉਣੀ ਪਵੇਗੀ। ਪਾਰਟੀ ਦੇ ਸੰਵਿਧਾਨ ਮੁਤਾਬਿਕ, ਹਰ ਪੰਜ ਤੋਂ ਛੇ ਸਾਲ ਬਾਅਦ ਮੈਂਬਰਸ਼ਿਪ ਮੁਹਿੰਮ ਚਲਾਈ ਜਾਂਦੀ ਏ। ਇਹ ਮੁਹਿੰਮ ਅੱਜ ਤੋਂ 10 ਨਵੰਬਰ ਤੱਕ ਵੱਖ-ਵੱਖ ਪੜਾਵਾਂ ਵਿੱਚ ਮੁਕੰਮਲ ਕੀਤੀ ਜਾਵੇਗੀ। ਪਹਿਲਾ ਪੜਾਅ 25 ਸਤੰਬਰ ਨੂੰ ਪੂਰਾ ਹੋਵੇਗਾ। ਮੈਂਬਰਸ਼ਿਪ ਮਿਸਡ ਕਾਲ ਦੇ ਕੇ ਜਾਂ ਫਿਰ ਪਾਰਟੀ ਦੀ ਵੈੱਬਸਾਈਟ ਜਾਂ ਹੋਰ ਡਿਜੀਟਲ ਸਾਧਨਾਂ ਰਾਹੀਂ ਲਈ ਜਾ ਸਕਦੀ ਏ।

-----------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ  ਕਿ ਜਬਰ ਜਨਾਹ ਵਰਗੇ ਘਿਨਾਉਣੇ ਅਪਰਾਧ ਲਈ, ਅਦਾਲਤ ਤੋਂ ਫੈਸਲਾ ਲੈਣ ਵਾਸਤੇ  ਇੱਕ ਪੀੜ੍ਹੀ ਦਾ ਸਮਾਂ ਲੱਗਦਾ ਏ। ਇਸ ਲਈ ਆਮ ਆਦਮੀ ਮਹਿਸੂਸ ਕਰਦਾ ਏ  ਕਿ ਨਿਆਂਇਕ ਪ੍ਰਕਿਰਿਆ ਵਿੱਚ ਸੰਵੇਦਨਸ਼ੀਲਤਾ ਦੀ ਘਾਟ ਐ। ਕੱਲ ਨਵੀਂ ਦਿੱਲੀ ਵਿੱਚ ਕੌਮੀ ਜ਼ਿਲ੍ਹਾ ਨਿਆਂਪਾਲਿਕਾ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਪਿੰਡਾਂ ਦੇ ਗਰੀਬ ਲੋਕ ਅਦਾਲਤਾਂ ਵਿੱਚ ਜਾਣ ਤੋਂ ਡਰਦੇ ਨੇ। ਉਹ ਅਕਸਰ ਬੇਇਨਸਾਫ਼ੀ ਨੂੰ ਚੁੱਪਚਾਪ ਝੱਲਦੇ ਨੇ, ਕਿਉਂਕਿ ਉਹ, ਮਹਿਸੂਸ ਕਰਦੇ ਨੇ, ਕਿ ਨਿਆਂ ਲਈ ਲੜਨਾ ਉਨ੍ਹਾਂ ਦੀ ਜ਼ਿੰਦਗੀ ਨੂੰ ਹੋਰ ਮੁਸ਼ਕਲ ਬਣਾ ਦੇਵੇਗਾ। ਰਾਸ਼ਟਰਪਤੀ ਨੇ ਕਿਹਾ ਕਿ ਲੰਬਿਤ ਮਾਮਲਿਆਂ ਦੀ ਗਿਣਤੀ ਨੂੰ ਘਟਾਉਣਾ, ਨਿਆਂਪਾਲਿਕਾ ਲਈ ਵੱਡੀ ਚੁਣੌਤੀ ਏ। ਇਸ ਲਈ ਸਬੰਧਤ ਧਿਰਾਂ ਨੂੰ ਇਕਜੁੱਟ ਹੋ ਕੇ, ਇਸ ਸਮੱਸਿਆ ਦਾ ਹੱਲ ਕੱਢਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਧਰਮ, ਸੱਚ ਅਤੇ ਨਿਆਂ ਦਾ ਸਤਿਕਾਰ ਕਰਨਾ, ਹਰ ਜੱਜ ਅਤੇ ਨਿਆਂਇਕ ਅਧਿਕਾਰੀ ਦੀ ਜ਼ਿੰਮੇਵਾਰੀ ਏ।

-----------------------------------------------------------

ਪੰਜ ਤਖਤ ਤੀਰਥ ਰੇਲ ਗੱਡੀ ਯਾਤਰਾ ਸ਼੍ਰੀ ਫਤਿਹਗੜ੍ਹ ਸਾਹਿਬ ਤੋਂ, ਅਗਲੇ ਪੜਾਅ ਲਈ ਰਵਾਨਾ ਹੋ ਗਈ ਏ । ਨੰਦੇੜ ਸ੍ਰੀ ਹਜ਼ੂਰ ਸਾਹਿਬ ਤੋਂ, ਸਿੱਖ ਪੰਥ ਦੇ ਪੰਜ ਤਖਤਾਂ ਲਈ ਚੱਲੀ ਪੰਜ ਤਖਤ ਵਿਸ਼ੇਸ਼ ਤੀਰਥ ਰੇਲ ਗੱਡੀ ਯਾਤਰਾ, ਸ਼੍ਰੀ ਅਨੰਦਪੁਰ ਤੋਂ ਦਰਸ਼ਨ ਕਰਕੇ ਸ਼ਨੀਵਾਰ ਰਾਤ ਗੁਰਦੁਆਰਾ ਸ਼੍ਰੀ ਫਤਿਹਗੜ੍ਹ ਸਾਹਿਬ ਵਿਖੇ ਪਹੁੰਚੀ ਸੀ, ਜਿੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਨਗਰ ਕੀਰਤਨ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ । ਅਕਾਲੀ ਦਲ ਦੇ ਜਰਨਲ ਸਕੱਤਰ ਜਗਦੀਪ ਸਿੰਘ ਚੀਮਾ ਨੇ ਦੱਸਿਆ ਕਿ ਇਸ ਯਾਤਰਾ ਵਿੱਚ ਪਹੁੰਚੇ 1400 ਤੋਂ ਵੱਧ ਸ਼ਰਧਾਲੂਆਂ ਦਾ ਠਹਿਰਾਓ, ਗੁਰਦੁਆਰਾ ਸ਼੍ਰੀ ਫਤਿਹਗੜ੍ਹ ਸਾਹਿਬ ਵਿਖੇ ਕੀਤਾ ਗਿਆ। ਸ਼੍ਰੀ ਫਤਿਹਗੜ੍ਹ ਸਾਹਿਬ ਤੋਂ ਆਰੰਭ ਹੋਇਆ ਇਹ ਨਗਰ ਕੀਰਤਨ, ਰੇਲਗੱਡੀ ਰਾਹੀਂ ਸਰਹੰਦ ਰੇਲਵੇ ਸਟੇਸ਼ਨ ਤੋਂ ਹੁੰਦਾ ਹੋਇਆ, ਖੰਨਾ ਲੁਧਿਆਣਾ ਤੋਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪਹੁੰਚੇਗਾ ।

---------------------------------------------------------

ਸ੍ਰੀ ਫ਼ਤਹਿਗੜ੍ਹ ਸਾਹਿਬ ਵਿਚ ਰੋਜ਼ਾ ਸ਼ਰੀਫ ਵਿਖੇ ਹਜ਼ਰਤ ਸ਼ੇਖ ਅਹਿਮਦ ਮੁਜੱਦਦ ਅਲਫਸਾਨੀ ਦੀ ਯਾਦ ਵਿੱਚ ਪਹਿਲੀ  ਤੋਂ 3 ਸਤੰਬਰ ਤੱਕ ਮਨਾਏ ਜਾ ਰਹੇ, ਤਿੰਨ ਰੋਜ਼ਾ 412ਵੇਂ ਉਰਸ ਮੌਕੇ, ਦੇਸ਼ ਵਿਦੇਸ਼ ਤੋਂ ਪੁੱਜੇ ਸ਼ਰਧਾਲੂਆਂ ਦਾ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਸਵਾਗਤ ਕੀਤਾ । ਇਹਨਾਂ ਸ਼ਰਧਾਲੂਆਂ ਵਿੱਚ ਵੱਡੀ ਗਿਣਤੀ ਸ਼ਰਧਾਲੂ ਪਾਕਿਸਤਾਨ ਤੋਂ ਵੀ ਪੁੱਜੇ ਨੇ । ਇਹਨਾਂ ਸ਼ਰਧਾਲੂਆਂ ਨੇ ਪਿੰਡ ਬਰਾਸ ਵਿਖੇ ਇਤਿਹਾਸਕ ਅਸਥਾਨਾਂ ਵਿਖੇ ਸਿਜਦਾ ਵੀ ਕੀਤਾ। ਲਖਬੀਰ ਸਿੰਘ ਰਾਏ ਨੇ ਦੱਸਿਆ ਕਿ ਦੇਸ਼ ਵਿਦੇਸ਼ ਤੋਂ ਇਸ ਉਰਸ 'ਤੇ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ, ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਨੇ। ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰ ਕੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਢੁਕਵੇਂ ਪ੍ਰਬੰਧ ਅਤੇ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਟ੍ਰੈਫਿਕ ਅਤੇ ਵਾਹਨਾਂ ਦੀ ਪਾਰਕਿੰਗ ਦੇ ਪ੍ਰਬੰਧ ਨੂੰ ਸੁਚਾਰੂ ਬਣਾਇਆ ਗਿਆ ਏ ।

---------------------------------------------------

ਪੈਰਿਸ ਪੈਰਾਲੰਪਿਕ ਦੇ ਚੌਥੇ ਦਿਨ ਵੀ ਭਾਰਤੀ ਖਿਡਾਰੀਆਂ ਨੇ ਚੰਗਾ ਪ੍ਰਦਰਸ਼ਨ ਕੀਤਾ । ਪ੍ਰੀਤੀ ਪਾਲ ਨੇ ਮਹਿਲਾਵਾਂ ਦੇ 200 ਮੀਟਰ ਟੀ-35 ਮੁਕਾਬਲੇ ਵਿੱਚ ਆਪਣਾ ਦੂਜਾ ਕਾਂਸੀ ਦਾ ਤਗ਼ਮਾ ਜਿੱਤਿਆ। ਇਸ ਤੋਂ ਪਹਿਲਾਂ ਪ੍ਰੀਤੀ ਨੇ 100 ਮੀਟਰ ਟੀ-35 ਮੁਕਾਬਲੇ ਵਿੱਚ ਵੀ ਕਾਂਸੀ ਦਾ ਤਗ਼ਮਾ ਜਿੱਤਿਆ ਸੀ। ਅਥਲੈਟਿਕਸ ਵਿੱਚ ਪੁਰਸ਼ਾਂ ਦੀ ਉੱਚੀ ਛਾਲ-ਟੀ 47 ਮੁਕਾਬਲੇ ਵਿੱਚ, ਨਿਸ਼ਾਦ ਕੁਮਾਰ ਨੇ 2.4 ਮੀਟਰ ਦੀ ਛਾਲ ਨਾਲ ਚਾਂਦੀ ਦਾ ਤਗ਼ਮਾ ਜਿੱਤਿਆ । ਭਾਰਤ ਦੀ ਤਮਗਿਆਂ ਦੀ ਗਿਣਤੀ 7 ਹੋ ਗਈ ਏ। ਇਨ੍ਹਾਂ ਵਿੱਚ ਇੱਕ ਸੋਨ, ਦੋ ਚਾਂਦੀ ਅਤੇ ਚਾਰ ਕਾਂਸੀ ਦੇ ਤਗਮੇ ਸ਼ਾਮਲ ਨੇ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੋ ਪੈਰਾਲੰਪਿਕ ਮੈਡਲ ਜਿੱਤਣ 'ਤੇ ਪ੍ਰੀਤੀ ਪਾਲ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਨੂੰ ਉਨ੍ਹਾਂ 'ਤੇ ਮਾਣ ਏ । ਉਪ ਰਾਸ਼ਟਰਪਤੀ ਨੇ ਪ੍ਰੀਤੀ ਪਾਲ ਦੀ ਖੇਡਾਂ ਪ੍ਰਤੀ ਵਫ਼ਾਦਾਰੀ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਇੱਕ ਸੋਸ਼ਲ

ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਪ੍ਰੀਤੀ ਦੇਸ਼ ਦੇ ਲੋਕਾਂ ਲਈ ਪ੍ਰੇਰਨਾ ਸਰੋਤ ਏ। ਪ੍ਰਧਾਨ ਮੰਤਰੀ ਨੇ ਤਮਗਾ ਜੇਤੂਆਂ ਨਾਲ ਫੋਨ 'ਤੇ ਗੱਲਬਾਤ ਕਰਕੇ ਤਮਗਾ ਜਿੱਤਣ 'ਤੇ ਵਧਾਈ ਦਿੱਤੀ।

-----------------------------------------------------------

ਮੁਹਾਲੀ ਜ਼ਿਲ੍ਹੇ 'ਚ ਅੱਜ ਤੋਂ ‘ਖੇਡਾਂ ਵਤਨ ਪੰਜਾਬ ਦੀਆਂ ਸੀਜਨ-3’ ਦੇ ਬਲਾਕ ਪੱਧਰੀ ਖੇਡ ਮੁਕਾਬਲੇ ਸ਼ੁਰੂ ਹੋ ਰਹੇ ਨੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੇ 4 ਬਲਾਕਾਂ 'ਚ, ਇਹ ਖੇਡ ਮੁਕਾਬਲੇ ਕਰਵਾਏ ਜਾਣਗੇ । ਬਲਾਕ ਪੱਧਰ ‘ਤੇ ਐਥਲੈਟਿਕਸ, ਫੁੱਟਬਾਲ, ਕਬੱਡੀ, ਖੋ-ਖੋ ਅਤੇ ਵਾਲੀਬਾਲ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਜਿਨ੍ਹਾਂ ਖਿਡਾਰੀਆਂ ਦੀ ਆਨ-ਲਾਈਨ ਰਜਿਸਟ੍ਰੇਸ਼ਨ ਨਹੀਂ ਹੋ ਸਕੀ, ਉਹ ਆਫ਼-ਲਾਈਨ ਰਜਿਸਟ੍ਰੇਸ਼ਨ ਮੌਕੇ ‘ਤੇ ਕਰਵਾ ਸਕਦੇ ਨੇ । ਓਧਰ ਲੁਧਿਆਣਾ ਜ਼ਿਲ੍ਹੇ ਦੇ ਖੇਡ ਅਫ਼ਸਰ ਕੁਲਦੀਪ ਚੁੱਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੱਲ ਤੋਂ 11 ਸਤੰਬਰ ਤੱਕ ਵੱਖ-ਵੱਖ 14 ਬਲਾਕਾਂ ਵਿੱਚ ਬਲਾਕ ਪੱਧਰੀ ਖੇਡ ਮੁਕਾਬਲੇ ਕਰਵਾਏ ਜਾਣਗੇ। ਉੂਨਾ ਦੱਸਿਆ ਕਿ ਖੇਡ ਵਿਭਾਗ ਵੱਲੋਂ ਬਲਾਕ ਪੱਧਰ 'ਤੇ ਹੋਣ ਵਾਲੀਆਂ

ਖੇਡਾਂ ਦੀ ਥਾਂ ਅਤੇ ਸਮਾਂ-ਸਾਰਣੀ ਜਾਰੀ ਕਰ ਦਿੱਤੀ ਗਈ ਏ। ਉਨ੍ਹਾਂ ਹਿੱਸਾ ਲੈਣ ਵਾਲੇ ਖਿਡਾਰੀਆਂ ਨੂੰ ਆਪਣਾ ਆਧਾਰ ਕਾਰਡ, ਜਨਮ ਸਰਟੀਫਿਕੇਟ, ਸਕੂਲ ਅਤੇ ਕਾਲਜ ਦਾ ਸਬੂਤ ਅਤੇ ਦੋ ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ ਦੀ ਅਪੀਲ ਕੀਤੀ ਏ ।